ਜਿਲ੍ਹਾ ਮਾਈਨਿੰਗ ਅਫਸਰ, ਲੁਧਿਆਣਾ ਵੱਲੋ ਪਿੰਡ ਕਾਸਾਬਾਦ, ਤਹਿਸੀਲ ਲੁਧਿਆਣਾ (ਪੂਰਬੀ), ਜਿਲ੍ਹਾ ਲੁਧਿਆਣਾ, ਪੰਜਾਬ ਵਿਖੇ 11.24 ਹੈਕਟੇਅਰ ਰਕਬੇ ਵਿੱਚੋ 1,57,216 ਟਨ ਪ੍ਰਤੀ ਸਾਲ ਦੇ ਹਿਸਾਬ ਨਾਲ ਰੇਤ ਮਾਈਨਿੰਗ ਕਰਨ ਲਈ ਲਗਾਈ ਅਰਜੀ ਸਬੰਧੀ ਈ.ਆਈ.ਏ ਨੋਟੀਫਿਕੇਸ਼ਨ ਮਿਤੀ 14.09.2006 ਤਹਿਤ ਵਾਤਾਵਰਣ ਪ੍ਰਵਾਨਗੀ ਪ੍ਰਾਪਤ ਕਰਨ ਲਈ ਮਿਤੀ 08.01.2024 ਨੂੰ ਹੋਈ ਜਨਤਕ ਸੁਣਵਾਈ ਦੀ ਕਾਰਵਾਈ।

ਪ੍ਰੋਸੀਡਿੰਗ ਦੀ ਦੇਖ ਰੇਖ ਲਈ ਹੇਠ ਲਿਖੇ ਅਧਿਕਾਰੀ ਮੌਜੂਦ ਸਨ:

1) ਸ੍ਰੀ, ਰਜਨੀਸ਼ ਅਰੋੜਾ, ਪੀ ਸੀ ਐਸ
ਉਪ-ਮੰਡਲ ਮਜਿਸਟ੍ਰੇਟ,
ਲੁਧਿਆਣਾ (ਪੂਰਬੀ)।

2) ਇੰਜੀ: ਰਾਜਪਾਲ ਗਿੱਲ,
ਸਹਾਇਕ ਵਾਤਾਵਰਣ ਇੰਜੀਨੀਅਰ,
ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ,
ਖੇਤਰੀ ਦਫਤਰ —3, ਲੁਧਿਆਣਾ।

3) ਸ੍ਰੀ ਰਾਜਵੀਰ ਸਿੰਘ,
ਫੰਕਸ਼ਨਲ ਮੈਨੇਜਰ,
ਜ਼ਿਲ੍ਹਾ ਉਦਯੋਗਿਕ ਕੇਂਦਰ,
ਲੁਧਿਆਣਾ।

ਸਹਾਇਕ ਵਾਤਾਵਰਣ ਇੰਜੀਨੀਅਰ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ, ਖੇਤਰੀ ਦਫਤਰ—3, ਲੁਧਿਆਣਾ ਨੇ ਸੁਪਰਵਾਈਜ਼ਿੰਗ—ਕਮ—ਪ੍ਰੀਜ਼ਾਈਡਿੰਗ ਅਧਿਕਾਰੀ ਅਤੇ ਨਾਲ ਲੱਗਦੇ ਪਿੰਡਾਂ ਤੋ ਆਏ ਲੋਕਾ ਦਾ ਸਵਾਗਤ ਕੀਤਾ, ਜੋ ਕਿ ਇਸ ਪ੍ਰਾਜੈਕਟ ਦੀ ਜਨਤਕ ਸੁਣਵਾਈ ਵਿਚ ਸ਼ਾਮਲ ਹੋਣ ਲਈ ਆਏ ਸਨ। ਉਨ੍ਹਾਂ ਦੱਸਿਆ ਕਿ ਜਿਲ੍ਹਾ ਮਾਈਨਿੰਗ ਅਫਸਰ, ਲੁਧਿਆਣਾ ਦੁਆਰਾ ਪਿੰਡ ਕਾਸਾਬਾਦ, ਤਹਿਸੀਲ ਲੁਧਿਆਣਾ (ਪੂਰਬੀ), ਜਿਲ੍ਹਾ ਲੁਧਿਆਣਾ ਵਿਖੇ ਸਤਲੁਜ਼ ਦਰਿਆ ਵਿੱਚੋਂ ਰੇਤੇ ਦੀ ਨਿਕਾਸੀ ਲਈ ਭਾਰਤ ਸਰਕਾਰ ਦੇ ਵਾਤਾਵਰਣ ਅਤੇ ਜੰਗਲਾਤ ਮੰਤਰਾਲਾ, ਨਵੀਂ ਦਿੱਲੀ ਦੇ ਦਫ਼ਤਰ ਵਿੱਚ ਈ.ਆਈ.ਏ ਨੋਟੀਫਿਕੇਸ਼ਨ ਨੰ. 1533 (ਈ) ਮਿਤੀ 14.09.2006 ਤਹਿਤ ਵਾਤਾਵਰਣ ਪ੍ਰਵਾਨਗੀ ਲਈ ਬਿਨੈ ਪੱਤਰ ਦਾਇਰ ਕੀਤਾ ਹੈ।

ਇਸ ਤੋਂ ਬਾਅਦ, ਉਨ੍ਹਾਂ ਨੇ ਹਰਵਿੰਦਰ ਕੌਰ, ਕੰਨਸਲਟੈਂਟ, ਮੈਸਰਜ਼ ਈਕੋ ਪਰਿਆਵਰਨ ਲੈਬਾਰਟਰੀਜ਼ ਕੰਸਲਟੈਂਟਸ ਪ੍ਰਾਈਵੇਟ ਲਿਮਿਟੇਡ ਨੂੰ ਪ੍ਰਾਜੈਕਟ ਬਾਰੇ ਸੰਖੇਪ ਜਾਣਕਾਰੀ ਦੇਣ ਬਾਰੇ ਕਿਹਾ।ਹਰਵਿੰਦਰ ਕੌਰ, ਕੰਨਸਲਟੈਂਟ, ਨੇ ਤਜ਼ਵੀਜਤ ਪ੍ਰੋਜੈਕਟ ਬਾਰੇ ਹੇਠ ਲਿਖੇ ਅਨੁਸਾਰ ਜਨਤਾ ਨੂੰ ਦੱਸਿਆ:—

- ਸਾਈਟ ਦਾ ਕੁੱਲ ਰਕਬਾ 11.24 ਹੈਕਟੇਅਰ ਹੈ ਅਤੇ ਇਸ ਵਿੱਚੋਂ ਪ੍ਰਸਤਾਵਿਤ ਮਾਈਨਿੰਗ ਦਾ ਰਕਬਾ 9.62 ਹੈਕਟੇਅਰ ਹੈ।

- ਰੇਤ ਦੀ ਖੁਦਾਈ ਤਿੰਨ ਸਾਲਾਂ ਵਿੱਚ ਕੀਤੀ ਜਾਵੇਗੀ ਅਤੇ ਰੇਤ ਦੀ ਖੁਦਾਈ ਦੀ ਸਮਰੱਥਾ 1,57,216 ਟਨ ਪ੍ਰਤੀ ਸਾਲ ਹੈ।
- ਈ.ਆਈ.ਏ. ਦੀ ਰਿਪੋਰਟ ਤਿਆਰ ਕਰਨ ਲਈ ਰੈਫ਼ਰੈਂਸ ਦੀਆਂ ਸ਼ਰਤਾਂ (ਟੀ.ਓ.ਆਰ.) SEIAA ਦੇ ਪੱਤਰ ਨੰਬਰ SEIAA/MS/2023/1549 ਮਿਤੀ 22 ਸਤੰਬਰ 2023 ਦੁਆਰਾ ਜਾਰੀ ਕੀਤੀਆ ਗਈਆ ਸਨ। ਇਹ ਜਨਤਕ ਸੁਣਵਾਈ ਈ.ਆਈ.ਏ. ਨੋਟੀਫਿਕੇਸ਼ਨ, 2006 ਦੇ ਤਹਿਤ ਕੀਤੀ ਜਾ ਰਹੀ ਹੈ।
- ਕੋਈ ਵਾਈਲਡ ਲਾਈਫ ਸੈਨਚੂਰੀ, ਪੁਰਾਤੱਤਵ ਵਿਭਾਗ ਦੀ ਰੱਖ ਰਖਾਵ ਵਾਲਾ ਸਥਾਨ, ਰਾਖਵਾਂ/ਸੁਰੱਖਿਅਤ ਜੰਗਲ ਅਤੇ ਇਤਿਹਾਸਿਕ ਮਹੱਤਤਾ ਵਾਲੀ ਜਗ੍ਹਾ ਸਾਈਟ ਦੇ ਨੇੜੇ ਨਹੀ ਆਉਂਦੀ ਹੈ।
- ਮਾਈਨਿੰਗ ਲਈ ਮਸ਼ੀਨਰੀ ਦੀ ਵਰਤੋ ਕੀਤੀ ਜਾਵੇਗੀ ਅਤੇ ਮਾਈਨਿੰਗ ਲਈ 05 ਐਕਸੈਵੇਟਰਾਂ (0.9 ਮ$^3$ ਜਾਂ ਇਸ ਤੋਂ ਵੱਧ ਸਮਰੱਥਾ ਵਾਲੇ) ਦੀ ਵਰਤੋਂ ਕੀਤੀ ਜਾਵੇਗੀ। ਨੇੜੇ ਦੇ ਪਿੰਡਾਂ ਤੋਂ ਹੁਨਰਮੰਦ/ਅਰਧ-ਹੁਨਰਮੰਦ/ਅਣ-ਹੁਨਰਮੰਦ ਕਾਮੇ ਰੱਖੇ ਜਾਣਗੇ। ਮਾਈਨਿੰਗ ਸਿਰਫ ਦਿਨ ਵੇਲੇ ਹੀ ਕੀਤੀ ਜਾਵੇਗੀ।
- ਖਣਨ ਕੀਤੀ ਗਈ ਰੇਤ ਦੀ ਢੋਆ ਢੁਆਈ ਲਈ 10 ਟਨ ਸਮਰੱਥਾ ਦੇ 25 ਟਿਪਰਾ ਦੀ ਵਰਤੋ ਕੀਤੀ ਜਾਵੇਗੀ। ਆਵਾਜਾਈ ਵਾਲੇ ਰਸਤੇ ਉੱਪਰ ਪਾਣੀ ਦਾ ਛਿੜਕਾਅ ਕੀਤਾ ਜਾਵੇਗਾ ।
- ਪ੍ਰੋਜੈਕਟ ਦੀ ਕੁੱਲ ਲਾਗਤ 6.55 ਕਰੋੜ ਹੈ। ਮਾਈਨਿੰਗ ਗਤੀਵਿਧੀ ਤੋਂ ਕੋਈ ਠੋਸ ਰਹਿੰਦ-ਖੂੰਹਦ ਪੈਦਾ ਨਹੀਂ ਕੀਤਾ ਜਾਵੇਗਾ।
- ਪ੍ਰੋਜੈਕਟ ਵਿੱਚ ਪਾਣੀ ਦੀ ਕੁੱਲ ਖਪਤ 3.39 ਕਿਲੋ ਲੀਟਰ ਪ੍ਰਤੀ ਦਿਨ ਹੈ, ਜਿਸ ਵਿੱਚੋਂ 1.50 ਕਿਲੋ ਲੀਟਰ ਪਾਣੀ ਪ੍ਰਤੀ ਦਿਨ ਛਿੜਕਾਅ ਲਈ ਅਤੇ 1.89 ਕਿਲੋ ਲੀਟਰ ਪਾਣੀ ਪ੍ਰਤੀ ਦਿਨ ਸਾਈਟ ਉਪਰ ਘਰੇਲੂ ਲੋੜਾ ਲਈ ਵਰਤਿਆ ਜਾਵੇਗਾ।
- ਪ੍ਰੋਜੈਕਟ ਦੇ 5 ਕਿਲੋਮੀਟਰ ਖੇਤਰ ਦੇ ਅੰਦਰ ਅੱਠ ਸਥਾਨਾਂ ਤੇ ਹਵਾ ਦੀ ਗੁਣਵੱਤਾ ਦੀ ਚੈਕਿੰਗ ਕੀਤੀ ਗਈ ਹੈ ਜਿਸ ਮੁਤਾਬਿਕ ਪੀਐਮ$_{10}$, ਪੀਐਮ$_{2.5}$, ਸਲਫਰ ਡਾਈਆਕਸਾਈਡ, ਨਾਈਟਰੋਜਨ ਡਾਈਆਕਸਾਈਡ ਦੀ ਗੁਣਵੱਤਾ ਨਿਰਧਾਰਤ ਮਾਪਦੰਡਾ ਦੇ ਅੰਦਰ ਪਾਈ ਗਈ ਹੈ।
- ਖੇਤਰ ਦੇ ਧਰਤੀ ਹੇਠਲੇ ਪਾਣੀ ਦੀ ਗੁਣਵੱਤਾ ਦਾ ਅਧਿਐਨ ਕੀਤਾ ਗਿਆ ਹੈ ਅਤੇ ਇਸ ਅਧਿਐਨ ਅਨੁਸਾਰ, ਧਰਤੀ ਹੇਠਲੇ ਪਾਣੀ ਵਿੱਚ ਕੋਈ ਧਾਤੂ ਅਤੇ ਬੈਕਟੀਰੀਆ ਦਾ ਪ੍ਰਦੂਸ਼ਣ ਨਹੀ ਪਾਇਆ ਗਿਆ ਹੈ।

ਇਸ ਤੋਂ ਬਾਅਦ, ਸਹਾਇਕ ਵਾਤਾਵਰਣ ਇੰਜੀਨੀਅਰ ਵੱਲੋਂ ਜਨਤਕ ਸੁਣਵਾਈ ਵਾਲੀ ਥਾਂ ਤੇ ਮੌਜੂਦ ਲੋਕਾਂ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਈ.ਆਈ.ਏ. ਨੋਟੀਫਿਕੇਸ਼ਨ ਦੀ ਮਿਤੀ 14.09.2006 ਦੇ ਅਨੁਸਾਰ ਮੌਜੂਦ ਵਿਅਕਤੀ ਵਾਤਾਵਰਣ ਸਬੰਧੀ ਕੋਈ ਜਾਣਕਾਰੀ ਜਾਂ ਸਪਸ਼ਟੀਕਰਨ ਦੀ ਮੰਗ ਕਰ ਸਕਦੇ ਹਨ। ਉਥੇ ਮੌਜੂਦ ਵਿਅਕਤੀਆਂ ਦੇ ਧਿਆਨ ਵਿੱਚ ਇਹ ਵੀ ਲਿਆਂਦਾ ਗਿਆ ਕਿ ਉਨ੍ਹਾਂ ਦੁਆਰਾ ਮੰਗੀ ਗਈ ਜਾਣਕਾਰੀ ਜਾਂ ਸਪਸ਼ਟੀਕਰਨ ਅਤੇ ਪ੍ਰਾਜੈਕਟ ਪ੍ਰਸਤਾਵਕ ਵੱਲੋਂ ਦਿੱਤੇ ਗਏ

ਜਵਾਬ ਨੂੰ ਸੁਣਵਾਈ ਦੀ ਕਾਰਵਾਈ ਵਿੱਚ ਦਰਜ ਕੀਤਾ ਜਾਵੇਗਾ, ਜਿਸ ਨੂੰ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਮੰਤਰਾਲੇ ਨੂੰ ਭੇਜਿਆ ਜਾਵੇਗਾ। ਸੁਣਵਾਈ ਵਿੱਚ ਮੌਜੂਦ ਵਿਅਕਤੀਆਂ ਨੂੰ ਇੱਕ—ਇੱਕ ਕਰਕੇ ਪ੍ਰੋਜੈਕਟ ਬਾਰੇ ਵਾਤਾਵਰਣ ਸਬੰਧੀ ਜਾਣਕਾਰੀ ਜਾਂ ਸਪਸ਼ਟੀਕਰਨ ਲੈਣ ਲਈ ਬੇਨਤੀ ਕੀਤੀ ਗਈ। ਉਨ੍ਹਾਂ ਇਹ ਵੀ ਦੱਸਿਆ ਕਿ ਬੋਰਡ ਕੋਲ ਅਜੇ ਤੱਕ ਪ੍ਰਾਜੈਕਟ ਬਾਰੇ ਕੋਈ ਜਾਣਕਾਰੀ / ਸਪਸ਼ਟੀਕਰਨ / ਟਿਪਣੀਆਂ / ਵਿਚਾਰ / ਸੁਝਾਅ / ਇਤਰਾਜ਼ ਜਨਤਾ ਪਾਸੋਂ ਲਿਖਤੀ ਰੂਪ ਵਿੱਚ ਪ੍ਰਾਪਤ ਨਹੀਂ ਹੋਏ ਹਨ।

ਮਾਈਨਿੰਗ ਵਾਲੀ ਥਾਂ ਦੇ ਸੰਚਾਲਨ ਸਬੰਧੀ ਮੌਜੂਦ ਲੋਕਾਂ ਵਿੱਚੋਂ ਕਿਸੇ ਨੇ ਵੀ ਕੋਈ ਸਵਾਲ ਨਹੀਂ ਪੁੱਛਿਆ।

ਸਹਾਇਕ ਵਾਤਾਵਰਣ ਇੰਜੀਨੀਅਰ, ਪੀਪੀਸੀਬੀ ਨੇ ਸੁਣਵਾਈ ਵਾਲੇ ਸਥਾਨ ਤੇ ਮੌਜੂਦ ਵਿਅਕਤੀਆਂ ਨੂੰ ਬੇਨਤੀ ਕੀਤੀ ਕਿ ਕੋਈ ਹੋਰ ਵਿਅਕਤੀ ਪ੍ਰਸਤਾਵਿਤ ਪ੍ਰੋਜੈਕਟ ਬਾਰੇ ਕੋਈ ਜਾਣਕਾਰੀ/ ਸਪਸ਼ਟੀਕਰਨ ਲੈਣਾ ਚਾਹੁੰਦਾ ਹੈ ਤਾਂ ਅੱਗੇ ਆ ਕੇ ਪੁੱਛ ਸਕਦਾ ਹੈ, ਪਰ ਕੋਈ ਵਿਅਕਤੀ ਅੱਗੇ ਨਹੀ ਆਇਆ। ਉਸ ਤੋ ਬਾਅਦ ਜਨਤਕ ਸੁਣਵਾਈ ਵਿੱਚ ਮੌਜੂਦ ਲੋਕਾਂ ਨੂੰ ਆਪਣੇ ਹੱਥ ਖੜੇ ਕਰਨ ਲਈ ਕਿਹਾ ਗਿਆ ਜ਼ੋ ਕਿ ਇਸ ਪ੍ਰਸਤਾਵਿਤ ਪ੍ਰੋਜੈਕਟ ਦੇ ਹੱਕ ਵਿੱਚ ਹਨ। 26 ਵਿਅਕਤੀਆਂ (ਕੁੱਲ ਮੌਜੂਦ ਲੋਕਾਂ ਦਾ 100 ਪ੍ਰਤੀਸ਼ਤ) ਵੱਲੋ ਪ੍ਰਸਤਾਵਿਤ ਪ੍ਰੋਜੈਕਟ ਦੇ ਹੱਕ ਵਿੱਚ ਆਪਣੇ ਹੱਥ ਖੜੇ ਕੀਤੇ ਗਏ। ਇਸ ਜਨਤਕ ਸੁਣਵਾਈ ਵਿੱਚ 26 ਵਿਅਕਤੀਆਂ ਵੱਲੋ ਭਾਗ ਲਿਆ ਗਿਆ।

ਜਨਤਕ ਸੁਣਵਾਈ ਸੁਪਰਵਾਈਜ਼ਰ—ਕਮ—ਪ੍ਰਜਾਈਡਿੰਗ ਅਫਸਰ ਅਤੇ ਹਾਜਰ ਵਿਅਕਤੀਆਂ ਦੇ ਧੰਨਵਾਦ ਸਹਿਤ ਖਤਮ ਕੀਤੀ ਗਈ।

(ਰਾਜਵੀਰ ਸਿੰਘ)
ਫੰਕਸ਼ਨਲ ਮੈਨੇਜਰ,
ਜ਼ਿਲ੍ਹਾ ਉਦਯੋਗਿਕ ਸੈਂਟਰ,
ਲੁਧਿਆਣਾ।

(ਰਾਜਪਾਲ ਗਿੱਲ)
ਸਹਾਇਕ ਵਾਤਾਵਰਣ
ਇੰਜੀਨੀਅਰ,
ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ,
ਖੇਤਰੀ ਦਫਤਰ —3,
ਲੁਧਿਆਣਾ।

(ਸ੍ਰੀ, ਰਜਨੀਸ਼ ਅਰੋੜਾ, ਪੀ ਸੀ
ਐਸ)
ਉਪ-ਮੰਡਲ ਮਜਿਸਟ੍ਰੇਟ,
ਲੁਧਿਆਣਾ (ਪੂਰਬੀ)